







ਦੀਵਾਲੀ ਤਿਉਹਾਰ ਮਨਾਉਂਦੇ ਸੰਤ ਬਾਬਾ ਸੁੰਦਰ ਦਾਸ ਸਕੂਲ 'ਚ ਵਿਦਿਆਰਥੀ ਤੇ ਪ੍ਰਬੰਧਕ। ਤਸਵੀਰ : ਰਾਜਦੀਪ ਅਲਬੇਲਾ

# ਸੰਤ ਬਾਬਾ ਸੁੰਦਰ ਸਕੂਲ 'ਚ ਦੀਵਾਲੀ ਦਾ ਤਿਉਹਾਰ ਮਨਾਇਆ

ਮਾਛੀਵਾੜਾ ਸਾਹਿਬ, 19 ਅਕਤੂਬਰ (ਰਾਜਦੀਪ ਸਿੰਘ ਅਲਬੇਲਾ)- ਨੇੜਲੇ ਪਿੰਡ ਤੱਖਰਾਂ ਵਿਖੇ ਸਥਿਤ ਸੰਤ ਬਾਬਾ ਸੁੰਦਰ ਦਾਸ ਮੈਮੋਰੀਅਲ ਸਕੂਲ ਵਿਖੇ ਦੀਵਾਲੀ ਦਾ ਤਿਉਹਾਰ ਮਨਾਇਆ ਗਿਆ, ਜਿਸ ਦੌਰਾਨ ਬੱਚਿਆਂ ਨੇ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ । ਸਕੂਲ ਚੇਅਰਮੈਨ ਪਰਮਿੰਦਰ ਤਿਵਾੜੀ ਨੇ ਬੱਚਿਆਂ ਨੂੰ ਦੀਵਾਲੀ ਤਿਉਹਾਰ ਦੇ ਇਤਿਹਾਸ ਤੋਂ ਜਾਣੂ ਕਰਵਾਉਂਦਿਆਂ ਦੱਸਿਆ ਕਿ ਇਸ ਦਿਨ ਸ੍ਰੀ ਰਾਮ ਚੰਦਰ ਅਯੁੱਧਿਆ ਆਏ ਅਤੇ ਬੰਦੀ ਛੋੜ ਦਿਵਸ ਦੇ ਇਤਿਹਾਸ ਬਾਰੇ ਦੱਸਿਆ। ਸਕੂਲ ਪ੍ਰਿੰਸੀਪਲ ਕੁਸਮ ਤਿਵਾੜੀ ਨੇ ਵੀ ਬੱਚਿਆਂ ਨੂੰ ਪ੍ਰਦੂਸ਼ਣ ਰਹਿਤ ਦੀਵਾਲੀ ਮਨਾਉਣ ਲਈ ਪ੍ਰੇਰਿਤ ਕੀਤਾ । ਇਸ ਮੌਕੇ ਰਾਜਦੀਪ ਰੀਨਾ, ਜਸਪ੍ਰੀਤ ਕਰਨ, ਤਨਿਕਸ਼ਾ, ਪਰਮਜੀਤ ਸਿੰਘ, ਕੁਲਵੰਤ ਸਿੰਘ, ਸੁਖਪ੍ਰੀਤ ਸਿੰਘ, ਇੰਦਰਜੀਤ ਸਿੰਘ ਹਾਜ਼ਰ ਸਨ।

# ਨਨਕਾਣਾ ਸਾਹਿਬ ਸਕੂਲ ਈਸੜੂ ਵਿਖੇ ਦੀਵਾਲੀ ਮਨਾਈ

ਈਸੜੂ, 19 ਅਕਤੂਬਰ (ਬਲਵਿੰਦਰ ਸਿੰਘ)-ਨਨਕਾਣਾ ਸਾਹਿਬ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਈਸੜੂ ਵਿਖੇ ਦੀਵਾਲੀ ਅਤੇ ਬੰਦੀ ਛੋੜ ਦਿਵਸ ਸ਼ਰਧਾ-ਸਤਿਕਾਰ ਸਹਿਤ ਅਤੇ ਧੂਮਧਾਮ ਨਾਲ ਮਨਾਇਆ ਗਿਆ। ਜਿਸ ਵਿੱਚ ਵਿਦਿਆਰਥੀਆਂ ਨੇ ਸਵੇਰ ਦੀ ਸਭਾ 'ਚ ਸ਼ਬਦ ਗਾਇਨ ਕੀਤਾ ਅਤੇ ਦੀਵਾਲੀ ਦਿਵਸ ਨਾਲ ਸੰਬੰਧਿਤ ਭਾਸ਼ਣ, ਗੀਤ ਅਤੇ ਕਵਿਤਾਵਾਂ ਆਦਿ ਪੇਸ਼ ਕੀਤੀਆਂ। ਇਸ ਤੋਂ ਇਲਾਵਾ ਵਿਦਿਆਰਥੀਆਂ ਨੇ ਆਪਣੇ ਕਲਾਸ ਦੇ ਕਮਰਿਆਂ ਦੀ ਸਫ਼ਾਈ ਅਤੇ ਸਜਾਵਟ ਬਾਖ਼ੂਬੀ ਕੀਤੀ। ਸਕਾਊਟ ਐਂਡ ਗਾਈਡ ਅਤੇ ਐਨ. ਸੀ. ਸੀ. ਦੇ ਵਿਦਿਆਰਥੀਆਂ ਨੇ ਵੀ ਬਹੁਤ ਹੀ ਅਨੁਸ਼ਾਸਿਤ ਢੰਗ ਨਾਲ ਸ਼ਮੂਲੀਅਤ ਕੀਤੀ। ਚਾਰੇ ਸਦਨਾਂ ਦੇ ਵਿਦਿਆਰਥੀਆਂ ਨੇ ਰੰਗੋਲੀ ਮੁਕਾਬਲਿਆਂ ਵਿੱਚ ਭਾਗ ਲਿਆ ਅਤੇ ਸਾਰੇ ਵਿਦਿਆਰਥੀਆਂ ਨੇ ਦੀਵਾ, ਮੋਮਬੱਤੀ, ਦੀਪਮਾਲਾ ਅਤੇ ਹਟੜੀਆਂ ਆਦਿ ਬਣਾਉਣ ਦੇ ਮੁਕਾਬਲਿਆਂ ਵਿੱਚ ਭਾਗ ਲਿਆ। ਇਸ ਤੋਂ ਬਾਅਦ ਵਿਦਿਆਰਥੀਆਂ ਵੱਲੋਂ ਆਪਣੇ ਹੱਥੀ ਬਣਾਈਆਂ ਵਸਤਾਂ ਦੀ ਪ੍ਰਦਰਸ਼ਨੀ ਲਗਾਈ ਗਈ। ਵਿਦਿਆਰਥੀਆਂ ਵੱਲੋਂ ਨੋ ਕਰੈਕਰ, ਸੇਫ ਦੀਵਾਲੀ ਅਤੇ ਗਰੀਨ ਦੀਵਾਲੀ ਦੇ ਸੰਬੰਧ ਵਿੱਚ ਰੈਲੀ ਕੱਢੀ ਗਈ। ਸਕੂਲ ਦੇ ਸਾਰੇ ਦਰਜਾ ਚਾਰ ਮੁਲਾਜ਼ਮਾਂ ਨੂੰ ਦੀਵਾਲੀ ਦੇ ਤਿਉਹਾਰ ਮੌਕੇ ਤੋਹਫ਼ੇ ਦਿੱਤੇ ਗਏ। ਇਸ ਮੌਕੇ ਪ੍ਰਿੰਸੀਪਲ ਨੇਹਾ ਢੱਲ ਨੇ ਵਿਦਿਆਰਥੀਆਂ ਨੂੰ ਦੀਵਾਲੀ ਦੀਆਂ ਮੁਬਾਰਕਾਂ ਦਿੱਤੀਆਂ ਅਤੇ ਪ੍ਰਦੂਸ਼ਣ ਮੁਕਤ ਦੀਵਾਲੀ ਮਨਾਉਣ ਦੀ ਅਪੀਲ ਕੀਤੀ। ਨਨਕਾਣਾ ਸਾਹਿਬ ਐਜੂਕੇਸ਼ਨਲ ਟਰੱਸਟ ਲੁਧਿਆਣਾ ਦੇ ਡਾਇਰੈਕਟਰ ਸਰਦਾਰ ਇਕਬਾਲ ਸਿੰਘ ਅਤੇ ਸਮੂਹ ਕਮੇਟੀ ਮੈਂਬਰ ਗੁਰਮੀਤ ਸਿੰਘ ਸਾਬਕਾ ਸਰਪੰਚ, ਸੁਰਿੰਦਰ ਸਿੰਘ ਬੈਨੀਪਾਲ, ਰਵਿੰਦਰ ਸਿੰਘ ਬੈਨੀਪਾਲ ਅਤੇ ਦਲਜੀਤ ਸਿੰਘ ਬੈਨੀਪਾਲ ਨੇ ਵਿਦਿਆਰਥੀਆਂ ਨੂੰ ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਵਧਾਈਆਂ ਦਿੱਤੀਆਂ।

# ਪਰਾਲੀ ਦੀ ਸੰਭਾਲ ਸੰਬੰਧੀ ਗੱਦੋਵਾਲ ਤੇ ਕਟਾਣੀ ਕਲਾਂ ਵਿਖੇ ਕਿਸਾਨ ਜਾਗਰੂਕਤਾ ਕੈਂਪ

ਕੁਹਾੜਾ, 19 ਅਕਤੂਬਰ (ਸੰਦੀਪ ਸਿੰਘ ਕੁਹਾੜਾ)-ਖੇਤੀਬਾੜੀ ਅਫ਼ਸਰ ਲੁਧਿਆਣਾ ਡਾ. ਗੁਰਦੀਪ ਸਿੰਘ ਦੇ ਦਿਸ਼ਾ ਨਿਰਦੇਸ਼ ਅਤੇ ਖੇਤੀਬਾੜੀ ਅਫ਼ਸਰ ਬਲਾਕ ਲੁਧਿਆਣਾ ਡਾ. ਅਮਰਿੰਦਰ ਸਿੰਘ ਸੰਧੂ ਦੀ ਅਗਵਾਈ ਹੇਠ ਪਿੰਡ ਗੱਦੋਵਾਲ ਤੇ ਕਟਾਣੀ ਕਲਾਂ ਵਿਖੇ ਕਿਸਾਨ ਸਿਖਲਾਈ ਕੈਂਪ ਲਗਾਇਆ ਗਿਆ। ਖੇਤੀਬਾੜੀ ਵਿਸਥਾਰ ਅਫ਼ਸਰ ਡਾ. ਰਮਨ ਚੋਪੜਾ ਵਲੋਂ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਨਾ ਲਗਾ ਕੇ ਖੇਤ ਵਿਚ ਹੀ ਮਿਲਾਉਣ ਦੀ ਸਲਾਹ ਅਤੇ ਪਰਾਲੀ ਨੂੰ ਅੱਗ ਲਾਉਣ ਨਾਲ ਹੋਣ ਵਾਲੇ ਨੁਕਸਾਨ ਬਾਰੇ ਜਾਣੂ ਕਰਵਾਇਆ ਗਿਆ। ਜਾਗਰੂਕਤਾ ਕੈਂਪ ਸਹਿਕਾਰੀ ਖੇਤੀਬਾੜੀ ਸਭਾ ਲੱਖੋਵਾਲ ਦੇ ਹਰਿੰਦਰ ਸਿੰਘ, ਸੰਦੀਪ ਸਿੰਘ, ਗੁਰਸੇਵਕ ਸਿੰਘ ਸਿੱਧੂ ਦੇ ਪੂਰਨ ਸਹਿਯੋਗ ਦੇ ਨਾਲ ਲਗਾਇਆ ਗਿਆ। ਇਸ ਮੌਕੇ ਪ੍ਰਜਾਪਿਤਾ ਈਸ਼ਵਰੀ ਵਿਸ਼ਵ ਵਿਦਿਆਲਿਆ ਦੇ ਖੇਤੀਬਾੜੀ ਅਤੇ ਪੇਂਡੂ ਵਿਕਾਸ ਵਿੰਗ ਅਤੇ ਖੇਤੀਬਾੜੀ ਕਿਸਾਨ ਭਲਾਈ ਵਿਭਾਗ ਲੁਧਿਆਣਾ ਦੇ ਸਹਿਯੋਗ ਨਾਲ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਉਣ ਸਬੰਧੀ ਲਘੂ ਡਾਕੂਮੈਂਟਰੀ ਫ਼ਿਲਮ ਦਿਖਾਈ ਗਈ। ਇਸ ਮੌਕੇ ਮਨਜੀਤ ਸਿੰਘ ਸਰਪੰਚ ਕਟਾਣੀ ਕਲਾਂ ਵਲੋਂ ਡੀ. ਏ. ਪੀ. ਖਾਦ ਦੀ ਆ ਰਹੀ ਕਿੱਲਤ ਬਾਰੇ ਜਾਣੂ ਕਰਵਾਇਆ ਗਿਆ। ਇਸ ਮੌਕੇ ਪਰਮਜੀਤ ਸਿੰਘ, ਹਰਿੰਦਰ ਸਿੰਘ, ਸੁਖਦੇਵ ਸਿੰਘ, ਜਗਤਾਰ ਸਿੰਘ, ਹਰਪ੍ਰੀਤ ਸਿੰਘ, ਪਲਵਿੰਦਰ ਸਿੰਘ, ਹਰਪ੍ਰੀਤ ਸਿੰਘ, ਕੁਲਦੀਪ ਸਿੰਘ, ਪ੍ਰਗਟ ਸਿੰਘ, ਅਜੀਤ ਸਿੰਘ, ਇੰਦਰਪਾਲ ਸਿੰਘ, ਸੰਦੀਪ ਸਿੰਘ, ਵਿਕਰਮ ਸਿੰਘ, ਹਰਬੰਸ ਸਿੰਘ, ਅਤਿੰਦਰਪਾਲ ਸਿੰਘ, ਗੁਰਜੋਤ ਸਿੰਘ, ਹਰਕੀਰਤ ਸਿੰਘ, ਤਜਿੰਦਰ ਸਿੰਘ, ਅਮਨਦੀਪ ਸਿੰਘ, ਹਰਿੰਦਰਜੀਤ ਸਿੰਘ ਅਤੇ ਗੁਰਬਖ਼ਸ਼ ਸਿੰਘ ਆਦਿ ਹਾਜ਼ਰ ਸਨ।

# ਨਵੇਂ ਚੇਅਰਮੈਨ ਕੂਹਲੀ ਦਾ ਪ੍ਰਧਾਨ ਪੱਪੂ ਸ਼ਰਮਾ ਅਤੇ ਸਾਥੀਆਂ ਵਲੋਂ ਸਨਮਾਨ



ਮਾਰਕੀਟ ਕਮੇਟੀ ਦਫ਼ਤਰ ਦੋਰਾਹਾ ਵਿਖੇ ਚੇਅਰਮੈਨ ਗੁਰਦਰਸ਼ਨ ਸਿੰਘ ਕੂਹਲੀ ਦਾ ਸਨਮਾਨ ਕਰਦੇ ਹੋਏ ਪ੍ਰਧਾਨ ਸੁਦਰਸ਼ਨ ਕੁਮਾਰ ਸ਼ਰਮਾ, ਸੁਖਵਿੰਦਰ ਸਿੰਘ ਨੋਨਾ, ਇੰਦਰਜੀਤ ਸਿੰਘ ਫ਼ੌਜੀ, ਪੰਕਜ ਗੌਤਮ ਤੇ ਹੋਰ। ਤਸਵੀਰ ਗਿੱਲ

ਦੋਰਾਹਾ, 19 ਅਕਤੂਬਰ (ਮਨਜੀਤ ਸਿੰਘ ਗਿੱਲ)- ਮਾਰਕੀਟ ਕਮੇਟੀ ਦੇ ਚੇਅਰਮੈਨ ਦਾ ਦੋਰਾਹਾ ਦਫ਼ਤਰ ਵਿਖੇ ਪੁੱਜ ਕੇ ਨਗਰ ਕੌਂਸਲ ਦੋਰਾਹਾ ਦੇ ਪ੍ਰਧਾਨ ਸੁਦਰਸ਼ਨ ਕੁਮਾਰ ਪੱਪੂ ਅਤੇ ਸਾਥੀਆਂ ਵੱਲੋਂ ਸਨਮਾਨ ਕੀਤਾ ਗਿਆ। ਇਸ ਮੌਕੇ ਪ੍ਰਧਾਨ ਪੱਪੂ ਸ਼ਰਮਾ ਵੱਲੋਂ ਨਵੇਂ ਚੇਅਰਮੈਨ ਦੇ ਚੰਗੇ ਭਵਿੱਖ ਲਈ ਸ਼ੁੱਭਕਾਮਨਾਵਾਂ ਭੇਟ ਕੀਤੀਆਂ ਗਈਆਂ ਅਤੇ ਕਿਹਾ ਗਿਆ ਕਿ ਕੂਹਲੀ ਦੀ ਅਗਵਾਈ ਵਿੱਚ ਮਾਰਕੀਟ ਕਮੇਟੀ ਦੋਰਾਹਾ ਲੋਕਾਂ ਦੀ ਭਲਾਈ ਲਈ ਨਵੇਂ ਕੀਰਤੀਮਾਨ ਸਥਾਪਿਤ ਕਰੇਗੀ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਵਜੋਂ ਵੀ ਕੂਹਲੀ ਦੀਆਂ ਸੇਵਾਵਾਂ ਚੰਗੀਆਂ ਹਨ। ਪ੍ਰਧਾਨ ਪੱਪੂ ਨੇ ਕਿਹਾ ਕਿ ਮਾਰਕੀਟ ਕਮੇਟੀ ਦੋਰਾਹਾ ਇਲਾਕੇ ਦੇ ਕਿਸਾਨਾਂ ਨਾਲ ਜੁੜਿਆ ਵੱਡਾ ਅਦਾਰਾ ਹੈ ਅਤੇ ਇਲਾਕੇ ਦੇ ਵਿਕਾਸ ਲਈ ਹਮੇਸ਼ਾ ਹੀ ਵਚਨਬੱਧ ਰਿਹਾ ਹੈ । ਇਸ ਮੌਕੇ ਮੰਡੀ ਬੋਰਡ ਦੇ ਡਾਇਰੈਕਟਰ ਸੁਖਵਿੰਦਰ ਸਿੰਘ ਨੋਨਾ, ਇੰਦਰਜੀਤ ਸਿੰਘ ਫੌਜੀ ਸਾਬਕਾ ਸੈਨਿਕ ਵਿੰਗ ਜ਼ਿਲ੍ਹਾ ਪ੍ਰਧਾਨ, ਪੰਕਜ ਗੌਤਮ ਵਾਈਸ ਕੁਆਰਡੀਨੇਟਰ ਸੋਸ਼ਲ ਮੀਡੀਆ, ਸਰੂਪ ਸਿੰਘ ਚੀਮਾ, ਬਲਾਕ ਪ੍ਰਧਾਨ ਮਨਜੀਤ ਧਾਮੀ ਬੀ. ਸੀ. ਵਿੰਗ, ਬੌਬੀ ਕਪਲਾ ਪ੍ਰਧਾਨ ਸ੍ਰੀ ਰਾਮ ਨਾਟਕ ਕਲੱਬ ਰਜਿ ਦੋਰਾਹਾ, ਸੁਖਵਿੰਦਰ ਸਿੰਘ, ਭੋਲਾ ਸਿੰਘ, ਹਰਜੀਤ ਸਿੰਘ ਖਰੇ, ਈਸ਼ਰ ਸਿੰਘ ਖਰੇ, ਦਵਿੰਦਰ ਸਿੰਘ ਰਾਜਾ ਸਮੇਤ ਵੱਡੀ ਗਿਣਤੀ ਵਿੱਚ ਸ਼ਹਿਰ ਨਿਵਾਸੀ ਸ਼ਾਮਿਲ ਸਨ। ਐਡਵੋਕੇਟ ਗੁਰਦਰਸ਼ਨ ਸਿੰਘ ਕੂਹਲੀ ਨੇ ਸਨਮਾਨਿਤ ਕਰਨ ਵਾਲੇ ਦੋਰਾਹਾ ਸ਼ਹਿਰ ਨਿਵਾਸੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਲੋਕਾਂ ਦੀਆਂ ਆਸਾਂ 'ਤੇ ਉਮੀਦਾਂ ਤੇ ਖਰਾ ਉਤਰਨਗੇ।

# ਸ਼ਰਾਬ ਦੀਆਂ 75 ਪੇਟੀਆਂ ਸਮੇਤ 3 ਤਸਕਰ ਕਾਬੂ

ਰਾੜਾ ਸਾਹਿਬ, 19 ਅਕਤੂਬਰ (ਸੁਖਵੀਰ ਸਿੰਘ ਚਣਕੋਈਆਂ)- ਪਾਇਲ ਪੁਲਿਸ ਵੱਲੋਂ ਚੰਡੀਗੜ੍ਹ ਮਾਰਕਾ ਦੀਆਂ 75 ਪੇਟੀਆਂ ਸਮੇਤ 3 ਤਸਕਰ ਕਾਬੂ ਕਰਨ ਵਿੱਚ ਭਾਰੀ ਸਫਲਤਾ ਹਾਸਲ ਕੀਤੀ ਗਈ ਹੈ। ਨਵ-ਨਿਯੁਕਤ ਡੀ. ਐੱਸ. ਪੀ. ਪਾਇਲ ਗੁਰਜਿੰਦਰ ਸਿੰਘ ਨੇ ਦੱਸਿਆ ਕਿ ਐਸ. ਐਸ. ਪੀ. ਖੰਨਾ ਜਯੋਤੀ ਯਾਦਵ ਬੈਂਸ ਦੀਆਂ ਸਖ਼ਤ ਹਦਾਇਤਾਂ 'ਤੇ ਦੀਵਾਲੀ ਦੇ ਤਿਉਹਾਰ ਦੇ ਮੱਦੇਨਜ਼ਰ ਰੱਖਦਿਆਂ ਐਸ. ਐਚ. ਓ. ਪਾਇਲ ਸੁਖਵਿੰਦਰਪਾਲ ਸਿੰਘ ਸੋਹੀ ਦੀ ਅਗਵਾਈ ਹੇਠ ਪਾਇਲ ਪੁਲਿਸ ਨੇ 75 ਪੇਟੀਆਂ ਚੰਡੀਗੜ੍ਹ ਮਾਰਕਾ ਸ਼ਰਾਬ ਦੀਆਂ ਬਰਾਮਦ ਕਰਕੇ 3 ਵਿਅਕਤੀਆਂ ਨੂੰ ਕਾਬੂ ਕੀਤਾ ਹੈ। ਉਨ੍ਹਾਂ ਅੱਗੇ ਦੱਸਿਆ ਕਿ ਥਾਣੇਦਾਰ ਸੁਰਜੀਤ ਸਿੰਘ ਨੂੰ ਮੁਖ਼ਬਰ ਨੇ ਇਤਲਾਹ ਦਿੱਤੀ ਸੀ ਕਿ ਸ਼ੇਰਜਗਦੀਪ ਸਿੰਘ ਉਰਫ਼ ਗੋਗੀ, ਯਾਦਵਿੰਦਰ ਸਿੰਘ ਉਰਫ਼ ਰਿੰਪੀ ਵਾਸੀ ਕਟਾਹਰੀ ਅਤੇ ਰਾਜਿੰਦਰ ਕੁਮਾਰ ਵਾਸੀ ਭੁੱਟਾ ਨਜਾਇਜ਼ ਸ਼ਰਾਬ ਵੇਚਣ ਦਾ ਧੰਦਾ ਕਰਦੇ ਹਨ ਜੋ ਪਿੰਡ ਕਟਾਹਰੀ 'ਚ ਪਸ਼ੂਆਂ ਵਾਲੇ ਵਾੜੇ ਵਿੱਚ ਰੱਖ ਕੇ ਵੇਚ ਰਹੇ ਹਨ। ਪੁਲਿਸ ਨੇ ਛਾਪੇਮਾਰੀ ਕਰਕੇ ਉਕਤ ਦੋਸ਼ੀਆਂ ਨੂੰ ਰੰਗੇ ਹੱਥੀ ਗ੍ਰਿਫ਼ਤਾਰ ਕਰ ਲਿਆ ਹੈ। ਉਨ੍ਹਾਂ ਕਿਹਾ ਕਿ ਉਕਤ ਦੋਸ਼ੀਆਂ ਕੋਲੋਂ 42 ਪੇਟੀਆਂ ਸ਼ਰਾਬ ਮਾਰਕਾ ਚੰਡੀਗੜ੍ਹ 999 ਵਿਸਕੀ, 20 ਪੇਟੀਆਂ ਜੰਨਤ ਮਸਤ ਸੌਂਫੀ ਮਾਰਕਾ ਚੰਡੀਗੜ੍ਹ, 10 ਪੇਟੀਆਂ ਸ਼ਾਨਦਾਰ ਸੌਂਪੀ ਅਤੇ 3 ਪੇਟੀਆਂ ਸਟਾਰ ਗੋਲਡ ਦੀਆਂ ਬਰਾਮਦ ਕੀਤੀਆਂ ਹਨ। ਰਾਜਿੰਦਰ ਕੁਮਾਰ ਨੂੰ ਐਕਸ ਯੂ ਵੀ ਗੱਡੀ ਪੀ ਬੀ 29 ਪੀ 5987 ਸਮੇਤ ਕਾਬੂ ਕੀਤਾ ਹੈ, ਜਿਸ ਰਾਹੀਂ ਸ਼ਰਾਬ ਦੀ ਸਪਲਾਈ ਕੀਤੀ ਜਾਂਦੀ ਸੀ। ਥਾਣਾ ਪਾਇਲ ਅੰਦਰ ਉਕਤ ਦੋਸ਼ੀਆਂ ਖ਼ਿਲਾਫ਼ ਐਕਸਾਈਜ਼ ਐਕਟ 61/1/14 ਈ ਐਕਸ ਤਹਿਤ ਕਾਰਵਾਈ ਅਮਲ ਵਿੱਚ ਲਿਆਂਦੀ ਗਈ ਹੈ। ਇਸ ਮੌਕੇ ਐਕਸਾਈਜ਼ ਇੰਸਪੈਕਟਰ ਮੇਜਰ ਸਿੰਘ, ਮੁਖ ਮੁਨਸ਼ੀ ਅਜੀਤ ਸਿੰਘ, ਥਾਣੇਦਾਰ ਪਵਨ ਕੁਮਾਰ ਆਦਿ ਸਨ।



ਸਰਕਾਰੀ ਕਾਲਜ ਰਾੜਾ ਸਾਹਿਬ ਵਿਖੇ ਵਰਕਸ਼ਾਪ ਦੌਰਾਨ ਮੁੱਖ ਮਹਿਮਾਨ ਦਾ ਸਨਮਾਨ ਕਰਦੇ ਹੋਏ ਪ੍ਰਿੰਸੀਪਲ ਅਤੇ ਸਟਾਫ਼ ਮੈਂਬਰ। ਤਸਵੀਰ ਮੁਕੰਦਪੁਰੀ

# ਮਾਨਸਿਕ ਸਿਹਤ ਅਤੇ ਆਤਮ ਹੱਤਿਆ ਤੋਂ ਬਚਾਅ ਸੰਬੰਧੀ ਇਕ-ਰੋਜ਼ਾ ਵਰਕਸ਼ਾਪ

ਰਾੜਾ ਸਾਹਿਬ, 19 ਅਕਤੂਬਰ (ਪ੍ਰੀਤਮ ਸਿੰਘ ਮੁਕੰਦਪੁਰੀ)- ਸਰਕਾਰੀ ਕਾਲਜ ਕਰਮਸਰ ਰਾੜਾ ਸਾਹਿਬ ਵਿਖੇ ਪ੍ਰਿੰਸੀਪਲ ਡਾ. ਮੁਹੰਮਦ ਇਰਫਾਨ ਦੀ ਅਗਵਾਈ ਹੇਠ ਸੁਪਰੀਮ ਕੋਰਟ ਵੱਲੋਂ ਦਿੱਤੇ ਗਏ ਦਿਸ਼ਾ-ਨਿਰਦੇਸ਼ਾਂ ਅਨੁਸਾਰ ਉਚੇਰੀ-ਸਿੱਖਿਆ ਵਿਭਾਗ ਪੰਜਾਬ ਦੀਆਂ ਸੰਸਥਾਵਾਂ 'ਚ ਵਿਦਿਆਰਥੀਆਂ ਦੀ ਮਾਨਸਿਕ ਸਿਹਤ ਚੰਗੇਰੀ ਕਰਨ ਅਤੇ ਆਤਮ-ਹੱਤਿਆ ਤੋਂ ਬਚਾਅ ਨਾਲ ਸੰਬੰਧਿਤ ਇੱਕ ਰੋਜ਼ਾ ਵਰਕਸ਼ਾਪ ਕਰਵਾਈ ਗਈ। ਜਿਸ ਵਿੱਚ ਡਾ. ਪ੍ਰੋ. ਨਾਵੇਦ ਇਕਬਾਲ, ਮਨੋਵਿਗਿਆਨ ਵਿਭਾਗ, ਜਾਮੀਆ ਮਿਲੀਆ ਇਸਲਾਮੀਆ ਯੂਨੀਵਰਸਿਟੀ, ਦਿੱਲੀ ਤੋਂ ਮੁੱਖ- ਮਹਿਮਾਨ ਵਜੋਂ ਸ਼ਾਮਿਲ ਹੋਏ। ਉਹਨਾਂ ਨੇ ਵਿਦਿਆਰਥੀਆਂ ਨਾਲ ਚੰਗੀ ਮਾਨਸਿਕ ਸਿਹਤ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਵਿਦਿਆਰਥੀਆਂ ਨੂੰ ਆਪਣੇ ਦਿਮਾਗ਼ ਵਿਚੋਂ ਨਾਕਾਰਾਤਮਕ ਵਿਚਾਰਾਂ ਨੂੰ ਕੱਢਣ ਅਤੇ ਸਕਾਰਾਤਮਕ ਵਿਚਾਰਾਂ ਨੂੰ ਪੈਦਾ ਕਰਨ ਲਈ ਅਭਿਆਸ ਕਰਵਾਇਆ। ਉਨ੍ਹਾਂ ਵਿਦਿਆਰਥੀਆਂ ਨੂੰ ਆਤਮ ਹੱਤਿਆ ਦੇ ਕਾਰਨਾਂ, ਬਚਾਅ, ਉਪਾਅ ਅਤੇ ਬਹੁਪੱਧਰੀ ਪ੍ਰਭਾਵਾਂ ਬਾਰੇ ਵਿਸਥਾਰ ਸਹਿਤ ਜਾਣਕਾਰੀ ਦਿੱਤੀ। ਅਖੀਰ ਵਿੱਚ ਉਨ੍ਹਾਂ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਦੁਆਰਾ ਪੁੱਛੇ ਗਏ ਸਵਾਲਾਂ ਦੇ ਉੱਤਰ ਦਿੰਦਿਆਂ ਸ਼ੰਕਾਵਾਂ ਸਪੱਸ਼ਟ ਕੀਤੀਆਂ। ਮੰਚ ਸੰਚਾਲਨ ਪ੍ਰੋ. ਇੰਦਰਪਾਲ ਸਿੰਘ ਪੰਜਾਬੀ ਵਿਭਾਗ ਨੇ ਬਾਖ਼ੂਬੀ ਕੀਤਾ। ਪ੍ਰੋ. ਹਰਮਨਦੀਪ ਕੌਰ ਵੱਲੋਂ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਵਾਈਸ ਪ੍ਰਿੰਸੀਪਲ ਪ੍ਰੋ. ਗੁਰਦਿੱਤ ਸਿੰਘ,ਸਾਬਕਾ ਪ੍ਰਿੰਸੀਪਲ ਮੁਜਾਹਿਦ ਹਸਨ ਅਤੇ ਸਮੂਹ ਸਟਾਫ਼ ਮੈਂਬਰ ਹਾਜ਼ਰ ਸਨ।

# ਝੋਨੇ ਦੇ ਘੱਟ ਝਾੜ ਕਾਰਨ ਕੇਂਦਰ ਅਤੇ ਪੰਜਾਬ ਸਰਕਾਰ ਤੁਰੰਤ ਰਾਹਤ ਦੇਵੇ- ਪਾਇਲ



ਸਾਬਕਾ ਵਿਧਾਇਕ ਲਖਵੀਰ ਸਿੰਘ ਲੱਖਾ, ਚੇਅਰਮੈਨ ਜੁਲਮਗੜ ਅਤੇ ਪ੍ਰੋ. ਗੋਮੀ ਦੀ ਹਾਜ਼ਰੀ 'ਚ ਗੱਲਬਾਤ ਕਰਨ ਸਮੇਂ। ਤਸਵੀਰ-ਦਿਲਬਾਗ ਸਿੰਘ ਚਾਪੜਾ

ਮਲੌਦ, 19 ਅਕਤੂਬਰ (ਦਿਲਬਾਗ ਸਿੰਘ ਚਾਪੜਾ)- ਜ਼ਿਲ੍ਹਾ ਕਾਂਗਰਸ ਖੰਨਾ ਦੇ ਪ੍ਰਧਾਨ ਅਤੇ ਹਲਕਾ ਪਾਇਲ ਦੇ ਸਾਬਕਾ ਵਿਧਾਇਕ ਲਖਵੀਰ ਸਿੰਘ ਪਾਇਲ ਨੇ ਚੇਅਰਮੈਨ ਗੁਰਦੀਪ ਸਿੰਘ ਜੁਲਮਗੜ ਅਤੇ ਪ੍ਰੋ. ਗੁਰਮੁੱਖ ਸਿੰਘ ਗੋਮੀ ਦੀ ਹਾਜ਼ਰੀ 'ਚ ਗੱਲਬਾਤ ਕਰਦਿਆਂ ਪੰਜਾਬ ਅਤੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਉਹ ਪੰਜਾਬ ਦੇ ਕਿਸਾਨਾਂ ਨੂੰ ਝੋਨੇ ਦੀ ਫ਼ਸਲ ਉੱਪਰ ਬੋਨਸ ਦੇਣ ਦਾ ਤੁਰੰਤ ਐਲਾਨ ਕਰੇ। ਉਨ੍ਹਾਂ ਕਿਹਾ ਕਿ ਇਕ ਪਾਸੇ ਪੰਜਾਬ ਦੇ ਕਾਫੀ ਹਿੱਸੇ ਵਿੱਚ ਕਿਸਾਨਾਂ ਨੂੰ ਹੜ੍ਹਾਂ ਦੀ ਮਾਰ ਝੱਲਣੀ ਪਈ, ਉੱਥੇ ਬਾਕੀ ਖੇਤਰਾਂ 'ਚ ਵੀ ਝੋਨੇ ਦੇ ਔਸਤਨ ਝਾੜ ਨਾਲੋਂ 20-25 ਪ੍ਰਤੀਸ਼ਤ ਝਾੜ ਘੱਟ ਨਿਕਲ ਰਿਹਾ ਹੈ, ਜਿਸ ਨਾਲ ਪਹਿਲਾਂ ਹੀ ਆਰਥਿਕ ਤੰਗੀ ਵਿਚ ਲੰਘ ਰਹੇ ਕਿਸਾਨ ਨੂੰ ਹੁਣ ਹੋਰ ਮਾਰ ਝੱਲਣੀ ਪੈ ਰਹੀ ਹੈ। ਉਨ੍ਹਾਂ ਕੇਂਦਰ ਅਤੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਉਹ ਦੇਸ਼ ਦੇ ਅੰਨਦਾਤੇ ਦੀ ਮਦਦ ਲਈ ਪਹਿਲ ਕਦਮੀ ਕਰਨ ਅਤੇ ਤੁਰੰਤ ਝੋਨੇ ਉੱਪਰ ਪ੍ਰਤੀ ਕੁਇੰਟਲ ਘੱਟ ਝਾੜ ਦੇ ਏਵਜ ਵਿੱਚ ਫ਼ਸਲ ਦੀ ਖ਼ਰੀਦ ਸਮੇਂ ਹੀ ਬੋਨਸ ਜਾਰੀ ਕੀਤਾ ਜਾਵੇ। ਸਾਬਕਾ ਵਿਧਾਇਕ ਲਖਵੀਰ ਸਿੰਘ ਲੱਖਾ ਨੇ ਵੱਖ ਵੱਖ ਕਿਸਾਨਾਂ, ਆੜ੍ਹਤੀਆਂ ਅਤੇ ਸ਼ੈਲਰ ਮਾਲਕਾਂ ਨਾਲ ਨਿੱਜੀ ਤੌਰ 'ਤੇ ਮਿਲ ਕੇ ਜਾਇਜ਼ਾ ਲਿਆ ਅਤੇ ਦੱਸਿਆ ਕਿ ਨਾ ਕੇਵਲ ਘੱਟ ਝਾੜ ਦੀ ਸਮੱਸਿਆ ਹੈ, ਸਗੋਂ ਨਮੀ ਦੇ ਰੇੜਕੇ ਕਾਰਣ ਵੀ ਕਿਸਾਨ ਦੁਖੀ ਹਨ।



ਦੁੱਧ ਉਤਪਾਦਕ ਸਭਾ ਈਸੜੂ ਵਿਖੇ ਦੁੱਧ ਉਤਪਾਦਕਾਂ ਨੂੰ ਮੁਨਾਫ਼ਾ ਵੰਡਦੇ ਹੋਏ ਪ੍ਰਬੰਧਕ। ਤਸਵੀਰ : ਬਲਵਿੰਦਰ ਸਿੰਘ

# ਦੁੱਧ ਉਤਪਾਦਕ ਸਭਾ ਨੇ ਮੁਨਾਫ਼ਾ ਵੰਡਿਆ

ਈਸੜੂ, 19 ਅਕਤੂਬਰ (ਬਲਵਿੰਦਰ ਸਿੰਘ)-'ਦੀ ਈਸੜੂ ਦੁੱਧ ਉਤਪਾਦਕ ਸਹਿਕਾਰੀ ਸਭਾ ਈਸੜੂ' ਵਲੋਂ ਦੁੱਧ ਉਤਪਾਦਕਾਂ ਨੂੰ ਸਾਲ 2022-23 ਅਤੇ 2023-24 ਦਾ ਮੁਨਾਫ਼ਾ ਵੰਡਿਆ ਗਿਆ। ਸਭਾ ਵੱਲੋਂ ਲਗਭਗ 60 ਦੁੱਧ ਉਤਪਾਦਕਾਂ ਨੂੰ 3,74,047 ਰੁਪਏ ਮੁਨਾਫ਼ਾ ਵੰਡਿਆ ਗਿਆ । ਸਭ ਤੋਂ ਵੱਧ ਮੁਨਾਫ਼ਾ ਤੇਜਿੰਦਰ ਸਿੰਘ ਪੁੱਤਰ ਸੋਹਣ ਸਿੰਘ ਨੇ 13495 ਰੁਪਏ ਪ੍ਰਾਪਤ ਕਰਕੇ ਪਹਿਲਾ ਇਨਾਮ ਪ੍ਰਾਪਤ ਕੀਤਾ । ਦੂਜਾ ਇਨਾਮ ਦਵਿੰਦਰ ਸਿੰਘ ਪੁੱਤਰ ਬੰਤ ਸਿੰਘ ਅਤੇ ਤੀਜਾ ਇਨਾਮ ਜਗਦੀਪ ਸਿੰਘ ਪੁੱਤਰ ਅਮਰਜੀਤ ਸਿੰਘ ਨੇ ਪ੍ਰਾਪਤ ਕੀਤਾ । ਇਨਾਮਾਂ ਦੀ ਵੰਡ ਗੁਰਬਿੰਦਰ ਸਿੰਘ ਸਾਬਕਾ ਸਰਪੰਚ ਅਤੇ ਪ੍ਰਧਾਨ ਵੇਰਕਾ ਡੇਅਰੀ ਈਸੜੂ ਨੇ ਕੀਤੀ। ਉਨ੍ਹਾਂ ਦੇ ਨਾਲ ਸਮੁੱਚੀ ਪ੍ਰਬੰਧਕ ਕਮੇਟੀ ਹਾਜ਼ਰ ਸੀ। ਉਪਰੰਤ ਪ੍ਰਬੰਧਕਾਂ ਵੱਲੋਂ ਪਹੁੰਚੀਆਂ ਸ਼ਖ਼ਸੀਅਤਾਂ ਦਾ ਸਨਮਾਨ ਵੀ ਕੀਤਾ ਗਿਆ। ਉਨ੍ਹਾਂ ਤੋਂ ਇਲਾਵਾ ਗੁਰਮੀਤ ਸਿੰਘ ਸਾਬਕਾ ਸਰਪੰਚ, ਪਰਮਿੰਦਰ ਸਿੰਘ ਪੰਚ, ਗਰਬਿੰਦਰ ਸਿੰਘ ਕਾਕਾ, ਸੁਖਦੇਵ ਸਿੰਘ , ਦਵਿੰਦਰ ਸਿੰਘ ਏ ਆਰ ਰਿਟਾਇਰਡ, ਭਿੰਦਰ ਸਿੰਘ, ਤੇਜਿੰਦਰ ਸਿੰਘ ਗੋਪਾ, ਹਰਪ੍ਰੀਤ ਸਿੰਘ, ਲਖਵੀਰ ਸਿੰਘ, ਗੁਰਿੰਦਰ ਸਿੰਘ, ਹਰਦੀਪ ਸਿੰਘ, ਧਰਮਿੰਦਰ ਸਿੰਘ, ਜਸ਼ਨ ਸਿੰਘ, ਸਵਰਨ ਸਿੰਘ, ਗੁਰਮੀਤ ਸਿੰਘ, ਰਜਿੰਦਰ ਸਿੰਘ, ਤੇਜਿੰਦਰ ਸਿੰਘ ਗੋਲੂ, ਚਰਨਜੀਤ ਸਿੰਘ, ਸੁਰਜੀਤ ਸਿੰਘ ਰਾਜੂ, ਭੁਪਿੰਦਰ ਸਿੰਘ ਪੰਚ, ਤਰਨਪ੍ਰੀਤ ਸਿੰਘ, ਜਸਵੀਰ ਸਿੰਘ ਅਤੇ ਗਗਨਦੀਪ ਸਿੰਘ ਸਕੱਤਰ ਸਭਾ ਆਦਿ ਹਾਜ਼ਰ ਸਨ।

# ਮਹਾਂਰਿਸ਼ੀ ਵਾਲਮੀਕ ਅਤੇ ਬਾਬਾ ਜੀਵਨ ਸਿੰਘ ਯਾਦਗਾਰੀ ਕਮੇਟੀ ਦਾ ਗਠਨ



ਪਿੰਡ ਘਲੋਟੀ ਵਿਖੇ ਕਮੇਟੀ ਗਠਿਤ ਕਰਨ ਮੌਕੇ ਇਕੱਤਰ ਹੋਏ ਪਤਵੰਤੇ। ਤਸਵੀਰ ਮੁਕੰਦਪੁਰੀ

ਰਾੜਾ ਸਾਹਿਬ, 19 ਅਕਤੂਬਰ (ਪ੍ਰੀਤਮ ਸਿੰਘ ਮੁਕੰਦਪੁਰੀ)- ਪਿੰਡ ਘਲੋਟੀ ਵਿਖੇ ਸਾਬਕਾ ਸਰਪੰਚ ਹਰਜੀਤ ਸਿੰਘ ਵੈਦ ਦੀ ਅਗਵਾਈ ਹੇਠ ਵਿਸ਼ੇਸ਼ ਇਕੱਤਰਤਾ ਹੋਈ, ਜਿਸ 'ਚ ਮਹਾਂਰਿਸ਼ੀ ਵਾਲਮੀਕਿ ਅਤੇ ਬਾਬਾ ਜੀਵਨ ਸਿੰਘ ਯਾਦਗਾਰੀ ਕਮੇਟੀ ਦਾ ਗਠਨ ਕੀਤਾ ਗਿਆ। ਜੋ ਕਿ ਸਮਾਜ 'ਚ ਦੱਬੇ ਕੁੱਚਲੇ ਅਤੇ ਆਮ ਲੋਕਾਂ ਦਾ ਮਾਰਗਦਰਸ਼ਨ ਕਰਦਿਆਂ ਉਨ੍ਹਾਂ ਦਾ ਜੀਵਨ ਪੱਧਰ ਉੱਚਾ ਚੁੱਕਣ ਲਈ ਯਤਨਸ਼ੀਲ ਰਹੇਗੀ। ਇਸ ਤੋਂ ਇਲਾਵਾ ਵਾਲਮੀਕਿ ਸਮਾਜ ਨਾਲ ਸੰਬੰਧਿਤ ਰਿਸ਼ੀਆਂ ਮੁਨੀਆਂ ਅਤੇ ਅਹਿਮ ਸ਼ਖ਼ਸੀਅਤਾਂ ਸਬੰਧੀ ਦਿਵਸ ਮਨਾਏਗੀ ਅਤੇ ਉਨ੍ਹਾਂ ਦੇ ਸੰਦੇਸ਼ ਅਤੇ ਸੰਕਲਪ ਨੂੰ ਲੋਕਾਂ ਤੱਕ ਲੈ ਕੇ ਜਾਵੇਗੀ। ਹਰਜੀਤ ਵੈਦ ਨੇ ਦੱਸਿਆ ਕਿ ਜਲਦੀ ਹੀ ਕਮੇਟੀ ਨੂੰ ਰਜਿਸਟਰ ਕਰਵਾਇਆ ਜਾਵੇਗਾ ਅਤੇ ਇਸ ਦੇ ਜਥੇਬੰਦਕ ਢਾਂਚੇ ਨੂੰ ਮਜ਼ਬੂਤ ਕੀਤਾ ਜਾਵੇਗਾ। ਇਸ ਸਮੇਂ ਗਿਆਨ ਸਿੰਘ ਰਿਟਾਇਰਡ ਸਬ ਇੰਸਪੈਕਟਰ, ਬਾਬਾ ਪਾਲ ਸਿੰਘ, ਅਵਤਾਰ ਸਿੰਘ, ਜਗਰੂਪ ਸਿੰਘ ਸਾਬਕਾ ਫੌਜੀ, ਰਵਿੰਦਰ ਸਿੰਘ ਸਾਬਕਾ ਫੌਜੀ, ਕਰਮਜੀਤ ਸਿੰਘ, ਮਾਸਟਰ ਸੁਮਨਪ੍ਰੀਤ ਸਿੰਘ ਬੱਬੂ, ਮਾਸਟਰ ਬਲਵੀਰ ਸਿੰਘ, ਸਿਮਰਦੀਪ ਸਿੰਘ ਬਿੱਲਾ, ਮੰਨੂ ਘਲੋਟੀ ਕਬੱਡੀ ਖਿਡਾਰੀ, ਧਰਮਿੰਦਰ ਸਿੰਘ, ਗੁਰਦੀਪ ਸਿੰਘ, ਬਿੰਦਰ ਸਿੰਘ, ਜਗਤਾਰ ਸਿੰਘ ਅਤੇ ਹੋਰ ਪਤਵੰਤੇ ਹਾਜਰ ਸਨ।

# ਵੱਖ-ਵੱਖ ਆਗੂਆਂ ਵਲੋਂ ਸਵ. ਮਾਤਾ ਚਰਨਜੀਤ ਕੌਰ ਨੂੰ ਸ਼ਰਧਾਂਜਲੀਆਂ ਭੇਟ

ਸਾਹਨੇਵਾਲ/ਭਾਮੀਆਂ ਕਲਾਂ/ਕੁਹਾੜਾ, 19 ਅਕਤੂਬਰ (ਅਮਰਜੀਤ ਸਿੰਘ ਮੰਗਲੀ, ਜਤਿੰਦਰ ਭੰਬੀ, ਸੰਦੀਪ ਕੁਹਾੜਾ)- ਪੱਤਰਕਾਰ ਭਰਾਵਾਂ ਜਗਰੂਪ ਸਿੰਘ ਅਤੇ ਜਗਮੀਤ ਸਿੰਘ ਦੇ ਪੂਜਨੀਕ ਮਾਤਾ ਚਰਨਜੀਤ ਕੌਰ ਧਰਮ ਪਤਨੀ ਸੁਖਰਾਮ ਸਿੰਘ ਦੇ ਨਮਿਤ ਪਾਠ ਦੇ ਭੋਗ ਅਤੇ ਅੰਤਿਮ ਅਰਦਾਸ ਪਿੰਡ ਭਾਮੀਆਂ ਕਲਾਂ ਦੇ ਗੁਰਦੁਆਰਾ ਗੁਰੂ ਰਵਿਦਾਸ ਵਿਖੇ ਸੰਪੰਨ ਹੋਈ । ਇਸ ਮੌਕੇ ਬਾਬਾ ਭਗਤ ਸਿੰਘ ਡੇਰਾ ਢੱਕੀ ਸਾਹਿਬ ਵਾਲਿਆਂ ਦੇ ਜਥੇ ਨੇ ਵੈਰਾਗਮਈ ਕੀਰਤਨ ਵਿਚਾਰਾਂ ਰਾਹੀਂ ਇਕੱਤਰ ਹੋਈ ਸੰਗਤ ਨੂੰ ਪ੍ਰਮਾਤਮਾ ਦਾ ਨਾਮ ਸਿਮਰਨ ਦਾ ਸੁਨੇਹਾ ਦਿੱਤਾ। ਉਪਰੰਤ ਸਵ. ਮਾਤਾ ਚਰਨਜੀਤ ਕੌਰ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਕੌਮੀ ਬੁਲਾਰੇ ਸਿਮਰਨਜੀਤ ਸਿੰਘ ਢਿੱਲੋਂ ਨੇ ਕਿਹਾ ਕਿ ਮਾਤਾ ਚਰਨਜੀਤ ਕੌਰ ਨੇ ਜਿੱਥੇ ਆਪਣੇ ਬੱਚਿਆਂ ਨੂੰ ਪੜ੍ਹਾਈ ਲਿਖਾਈ ਦੇ ਨਾਲ ਸਮਾਜ 'ਚ ਵਿਚਰਨ ਲਈ ਚੰਗੀ ਸਿੱਖਿਆ ਦਿੱਤੀ, ਉੱਥੇ ਪ੍ਰਮਾਤਮਾ ਦੇ ਨਾਮ ਸਿਮਰਨ ਅਤੇ ਸਮਾਜ ਪ੍ਰਤੀ ਜ਼ਿੰਮੇਵਾਰੀਆਂ ਨੂੰ ਬਾਖ਼ੂਬੀ ਪੂਰਾ ਕੀਤਾ। ਕਾਂਗਰਸ ਪਾਰਟੀ ਦੇ ਹਲਕਾ ਇੰਚਾਰਜ ਵਿਕਰਮ ਸਿੰਘ ਬਾਜਵਾ ਨੇ ਸਵ. ਮਾਤਾ ਚਰਨਜੀਤ ਕੌਰ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਮਾਂ ਦੀ ਮਮਤਾ ਅਤੇ ਮਾਂ ਦੀ ਮਹੱਤਤਾ ਬਾਰੇ ਵਿਚਾਰ ਰੱਖੇ। ਕੈਬਨਿਟ ਮੰਤਰੀ ਪੰਜਾਬ ਹਰਦੀਪ ਸਿੰਘ ਮੁੰਡੀਆਂ ਨੇ ਸਵ. ਮਾਤਾ ਚਰਨਜੀਤ ਕੌਰ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਪਰਿਵਾਰ ਵਲੋਂ ਇਕੱਤਰ ਹੋਈਆਂ ਸੰਗਤਾਂ ਦਾ ਧੰਨਵਾਦ ਕੀਤਾ ਗਿਆ । ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ, ਸਾਬਕਾ ਵਿਧਾਇਕ ਅਤੇ ਸੀਨੀਅਰ ਕਾਂਗਰਸੀ ਆਗੂ ਸਿਮਰਜੀਤ ਸਿੰਘ ਬੈਂਸ, ਸਾਬਕਾ ਮੰਤਰੀ ਮਲਕੀਤ ਸਿੰਘ ਦਾਖਾ, ਵੇਰਕਾ ਮਿਲਕ ਪਲਾਂਟ ਸੇਵਾਮੁਕਤ ਕਰਮਚਾਰੀ ਯੂਨੀਅਨ ਵਲੋਂ ਸ਼ੋਕ ਮਤੇ ਭੇਜੇ ਗਏ । ਸਟੇਜ ਸਕੱਤਰ ਦੀ ਜ਼ਿੰਮੇਵਾਰੀ ਸਮਾਜ ਸੇਵੀ ਸੁਖਵਿੰਦਰ ਸਿੰਘ ਝੱਜ ਵਲੋਂ ਨਿਭਾਈ ਗਈ । ਇਸ ਮੌਕੇ ਕੁਲਵਿੰਦਰ ਸਿੰਘ ਕਾਲਾ ਸੀਨੀਅਰ ਵਾਈਸ ਪ੍ਰਧਾਨ ਨਗਰ ਕੌਂਸਲ ਸਾਹਨੇਵਾਲ, ਜਸਵਿੰਦਰ ਸਿੰਘ ਬਲੀਏਵਾਲ, ਕੌਂਸਲਰ ਜਸਪਾਲ ਸਿੰਘ ਗਰੇਵਾਲ, ਚੇਅਰਮੈਨ ਹੇਮਰਾਜ ਰਾਜੀ ਸਾਹਨੇਵਾਲ, ਸਹਾਇਕ ਪੁਲਿਸ ਕਮਿਸ਼ਨਰ ਇੰਡਸਟਰੀਅਲ ਏਰੀਆ ਇੰਦਰਜੀਤ ਸਿੰਘ ਬੋਪਾਰਾਏ, ਠੇਕੇਦਾਰ ਸੰਜੀਵ ਕੁਮਾਰ ਸ਼ਰਮਾ, ਸਾਬਕਾ ਬਲਾਕ ਪ੍ਰਧਾਨ ਕਾਂਗਰਸ ਰਾਮਨਾਥ ਸਾਹਨੇਵਾਲ, ਮਾਸਟਰ ਬਲਜਿੰਦਰ ਸਿੰਘ ਰੀਡਰ, ਲਾਲੀ ਹਰਾ ਜ਼ਿਲ੍ਹਾ ਪ੍ਰਧਾਨ ਕਿਸਾਨ ਵਿੰਗ ਆਪ, ਮਨਜਿੰਦਰ ਸਿੰਘ ਭੋਲਾ ਮਾਂਗਟ ਪ੍ਰਧਾਨ, ਡਾ. ਵਿਜੇ ਪੁਰੀ ਪ੍ਰਧਾਨ, ਮਾਸਟਰ ਅਸ਼ੋਕ ਕੁਮਾਰ ਸਰਕਲ ਪ੍ਰਧਾਨ ਸਾਹਨੇਵਾਲ, ਗਗਨਦੀਪ ਸਿੰਘ ਢਿੱਲੋਂ ਸਰਪੰਚ, ਮਨਵੀਰ ਸਿੰਘ ਧਾਲੀਵਾਲ ਯੂਥ ਆਗੂ ਕਾਂਗਰਸ, ਚੇਅਰਮੈਨ ਜਸਪ੍ਰੀਤ ਸਿੰਘ ਗੁਰਮ, ਹਰਦੇਵ ਸਿੰਘ ਦੌਧਰ, ਰਾਜਦੀਪ ਭਾਟੀਆ, ਹਰਜਾਪ ਸਿੰਘ ਗਿੱਲ ਯੂਥ ਆਗੂ ਕਾਂਗਰਸ, ਲੱਕੀ ਸੰਧੂ ਯੂਥ ਆਗੂ ਕਾਂਗਰਸ, ਚੇਅਰਮੈਨ ਬਲਵੀਰ ਸਿੰਘ ਬੁੱਢੇਵਾਲ, ਦਵਿੰਦਰ ਸਿੰਘ ਚਾਹਲ, ਚੌਂਕੀ ਇੰਚਾਰਜ ਸੁਰਜੀਤ ਸੈਣੀ, ਦਰਸ਼ਨ ਸਿੰਘ ਮਾਹਲਾ, ਇੰਦਰਪਾਲ ਸਿੰਘ ਗਰੇਵਾਲ, ਹਰਸ਼ ਬਜਾਜ, ਸ਼ਿੰਗਾਰਾ ਸਿੰਘ ਮੰਗਲੀ, ਰਾਜਵੰਤ ਸਿੰਘ ਹਵਾਸ, ਨਰਿੰਦਰ ਨਿੰਦੀ ਸਾਹਨੇਵਾਲ, ਰਮੇਸ਼ ਕੁਮਾਰ ਪੱਪੂ ਸਾਬਕਾ ਪ੍ਰਧਾਨ, ਸਰਪੰਚ ਅਮਰਜੀਤ ਸਿੰਘ ਗੌਂਸਗੜ, ਅੰਮ੍ਰਿਤਪਾਲ ਸਿੰਘ ਸਿੱਧੂ ਸਰਕਲ ਪ੍ਰਧਾਨ ਸ਼੍ਰੋਅਦ, ਬਲਦੇਵ ਸਿੰਘ ਭੂਖੜੀ, ਬਲਵਿੰਦਰ ਸਿੰਘ ਤਾਜਪੁਰ, ਹਰਮੀਤ ਸਿੰਘ ਮੀਤਾ, ਰਿਸ਼ੀ ਸਿੰਘ, ਐਡਵੋਕੇਟ ਗਗਨਦੀਪ ਆਨੰਦ, ਪਰਮਿੰਦਰ ਸਿੰਘ ਫੁੱਲਾਂਵਾਲ, ਕਰਮਜੀਤ ਸਿੰਘ ਅੜੈਚਾਂ ਸੂਬਾ ਪ੍ਰਧਾਨ, ਜ਼ੋਰਾ ਸਿੰਘ ਗਰੇਵਾਲ ਸਾਬਕਾ ਸਰਪੰਚ, ਜਰਨੈਲ ਸਿੰਘ, ਬਲਵਿੰਦਰ ਸਿੰਘ ਰੋਡਾ, ਜਸਪ੍ਰੀਤ ਸਿੰਘ ਪੰਧੇਰ, ਸੁਰਜੀਤ ਰਾਏ ਸਾਬਕਾ ਕੌਂਸਲਰ, ਰਾਜੇਸ਼ ਸੋਨੀ, ਹਰਦੇਵ ਸਿੰਘ ਢੋਲਣ, ਠੇਕੇਦਾਰ ਪ੍ਰਿਥੀਪਾਲ ਸਿੰਘ ਭਾਮੀਆਂ, ਗੁਰਮੀਤ ਸਿੰਘ ਮੁੰਡੀਆਂ ਕੌਂਸਲਰ, ਸਰਬਜੀਤ ਸਿੰਘ ਕੜਿਆਣਾ, ਜਗਤਾਰ ਸਿੰਘ ਕੈਂਥ ਬਸਪਾ, ਸੁਖਵਿੰਦਰ ਸਿੰਘ ਗਰੇਵਾਲ, ਬੂਟਾ ਸਿੰਘ ਬਿਲਗਾ, ਤਜਿੰਦਰ ਸਿੰਘ ਮਿੱਠੂ, ਸੋਹਣ ਸਿੰਘ ਢੋਲਣਵਾਲ, ਸੰਦੀਪ ਸਿੰਘ ਕੁਹਾੜਾ, ਹਨੀ ਚਾਠਲੀ, ਜਤਿੰਦਰ ਭੰਬੀ, ਰਮਨਦੀਪ ਸਿੰਘ ਗਿੱਲ ਜੰਡਿਆਲੀ, ਬਲਜੀਤ ਸਿੰਘ ਗਿੱਲ, ਸਰਪੰਚ ਬਿੰਦਰ ਸਿੰਘ ਵਿਰਕ, ਕੁਲਦੀਪ ਸਿੰਘ ਗਿੱਲ, ਗੁਰਮੀਤ ਸਿੰਘ ਬੈਂਕ ਮੈਨੇਜਰ, ਪੁਸ਼ਪਿੰਦਰਪਾਲ ਸਿੰਘ ਗਰੇਵਾਲ, ਸੁਰਿੰਦਰ ਸਿੰਘ ਗਰੇਵਾਲ, ਪ੍ਰਗਟ ਸਿੰਘ ਚੀਮਾ, ਸੋਹਣ ਸਿੰਘ ਖੋਖਰ, ਦਲਜੀਤ ਸਿੰਘ ਬਰਵਾਲਾ, ਐੱਸ. ਪੀ. ਐੱਸ. ਗਿੱਲ, ਹਰਦੇਵ ਸਿੰਘ ਢੋਲਣ, ਤਜਿੰਦਰ ਸਿੰਘ ਸਿੱਧੂ ਤਾਜਪੁਰ, ਅਮਿਤ ਜੈਨ, ਅਵਤਾਰ ਸਿੰਘ ਬਿੱਲਾ, ਬਾਬਾ ਚਮਕੌਰ ਸਿੰਘ ਮੁੰਡੀਆਂ, ਹਰਵਿੰਦਰ ਸਿੰਘ ਰਾਜੂ ਅਤੇ ਇਲਾਕੇ ਦੇ ਹੋਰ ਸਰਪੰਚਾਂ, ਪੰਚਾਂ ਅਤੇ ਪਤਵੰਤੇ ਸੱਜਣਾਂ ਨੇ ਸਵ. ਚਰਨਜੀਤ ਕੌਰ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।

## ਦੀਵਾਲੀ, ਵਿਸ਼ਵਕਰਮਾ ਦਿਵਸ ਅਤੇ ਗੁਰਪੁਰਬ ਨੂੰ ਸਮਰਪਿਤ ਬੀਜਾ ਵਿਸ਼ੇਸ਼ ਸਪਲੀਮੈਂਟ











